# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 13-03-2025**

- ਭਾਰਤੀ ਪੁਲਾੜ ਖੋਜ ਸੰਗਠਨ (ISRO) ਨੇ ਸਪੇਸ ਡੌਕਿੰਗ ਪ੍ਰਯੋਗ (SpaDEX) ਮਿਸ਼ਨ ਦੇ ਹਿੱਸੇ ਵਜੋਂ ਦੋ ਉਪਗ੍ਰਿਹਾਂ ਨੂੰ ਅਨਡੌਕ ਕਰਨ ਦਾ ਕੰਮ ਸਫਲਤਾ ਨਾਲ ਪੂਰਾ ਕਰ ਲਿਆ ਏ.
- ਪੰਜਾਬ ਮੰਤਰੀ ਮੰਡਲ ਨੇ, 21 ਮਾਰਚ ਤੋਂ ਬਜਟ ਸਮਾਗਮ ਬੁਲਾਉਣ ਨੂੰ ਪ੍ਰਵਾਨਗੀ ਦੇ ਦਿੱਤੀ ਏ .
- ਪੰਜਾਬ ਸਰਕਾਰ ਵੱਲੋਂ ਅਸ਼ੀਰਵਾਦ ਸਕੀਮ ਤਹਿਤ, ਪੱਟੀਦਰਜ ਜਾਤਾਂ ਦੇ 3 ਹਜ਼ਾਰ 853 ਲਾਭਪਾਤਰੀਆਂ ਨੂੰ 19 ਕਰੋੜ 65 ਲਖ ਰੁਪਏ ਦੀ ਰਕਮ ਜਾਰੀ ਕੀਤੀ ਗਈ ਏ।
- ਪੰਜਾਬ ਵਿੱਚ, ਹੋਲੇ ਮਹੱਲੇ ਦਾ ਤਿਉਹਾਰ ਅੱਜ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਧਾਰਮਿਕ ਉਤਸ਼ਾਹ, ਸ਼ਰਧਾ ਅਤੇ ਰਵਾਇਤੀ ਜੋਸ਼ ਨਾਲ ਸ਼ੁਰੂ ਹੋ ਗਿਆ ਏ.
- ਮੌਸਮ ਵਿਭਾਗ ਮੁਤਾਬਕ ਪੰਜਾਬ ‘ਚ ਅਗਲੇ 2 ਤੋਂ 3 ਦਿਨਾਂ ਦੌਰਾਨ ਤੇਜ਼ ਹਵਾਵਾਂ ਨਾਲ ਹਲਕੀ ਬਾਰਿਸ਼ ਹੋ ਸਕਦੀ ਏ.

---------------------------------------------------------

ਭਾਰਤੀ ਪੁਲਾੜ ਖੋਜ ਸੰਗਠਨ (ISRO) ਨੇ ਸਪੇਸ ਡੌਕਿੰਗ ਪ੍ਰਯੋਗ (SpaDEX) ਮਿਸ਼ਨ ਦੇ ਹਿੱਸੇ ਵਜੋਂ ਦੋ ਉਪਗ੍ਰਿਹਾਂ ਨੂੰ ਅਨਡੌਕ ਕਰਨ ਦਾ ਕੰਮ ਸਫਲਤਾ ਨਾਲ ਪੂਰਾ ਕਰ ਲਿਆ ਏ, ਜੋ ਕਿ ਭਾਰਤ ਦੀ ਪੁਲਾੜ ਖੋਜ ਯਾਤਰਾ ਵਿੱਚ ਇੱਕ ਅਹਿਮ ਮੀਲ ਪੱਥਰ ਏ। ਕੇਂਦਰੀ ਵਿਗਿਆਨ ਅਤੇ ਤਕਨਾਲੋਜੀ ਮੰਤਰੀ ਡਾ. ਜਿਤੇਂਦਰ ਸਿੰਘ ਨੇ ਸਪਾਡੇਕਸ ਮਿਸ਼ਨ ਦੇ ਹਿੱਸੇ ਵਜੋਂ ਅਨਡੌਕਿੰਗ ਪ੍ਰਯੋਗ ਦੇ ਸਫਲ ਵਿਖਾਲੇ ਲਈ ਇਸਰੋ ਨੂੰ ਵਧਾਈ ਦਿੱਤੀ ਏ। ਸੋਸ਼ਲ ਮੀਡੀਆ ਸਾਈਟ X 'ਤੇ ਆਪਣੀ ਪੋਸਟ ਵਿੱਚ, ਮੰਤਰੀ ਨੇ ਕਿਹਾ ਕਿ ਇਹ ਭਾਰਤੀਅ ਅੰਤਰਿਕਸ਼ ਸਟੇਸ਼ਨ, ਚੰਦਰਯਾਨ-4 ਅਤੇ ਗਗਨਯਾਨ ਸਮੇਤ ਭਵਿੱਖ ਦੇ ਮਹੱਤਵਾਕਾਂਖੀ ਮਿਸ਼ਨਾਂ ਦੇ ਸੁਚਾਰੂ ਸੰਚਾਲਨ ਲਈ ਰਾਹ ਪੱਧਰਾ ਕਰੇਗਾ।

ਸਪੈਡੇਕਸ ਮਿਸ਼ਨ ਦਾ ਮੁੱਖ ਟੀਚਾ ਹੁਣ ਪੂਰਾ ਹੋ ਗਿਆ ਏ। ਭਾਰਤ ਹੁਣ ਅਮਰੀਕਾ, ਰੂਸ ਅਤੇ ਚੀਨ ਤੋਂ ਬਾਅਦ ਇਸ ਤਕਨਾਲੋਜੀ ਵਿੱਚ ਮੁਹਾਰਤ ਹਾਸਲ ਕਰਨ ਵਾਲਾ ਚੌਥਾ ਦੇਸ਼ ਬਣ ਗਿਆ ਏ।

---------------------------------------------------------

ਪੰਜਾਬ ਦੇ ਖਜ਼ਾਨਾ ਮੰਤਰੀ 26 ਮਾਰਚ ਨੂੰ ਵਿਧਾਨ ਸਭਾ ਵਿੱਚ ਸਾਲ 2025-26 ਲਈ ਆਪਣਾ ਬਜਟ ਪੇਸ਼ ਕਰਨਗੇ। 21 ਤੋਂ 28 ਮਾਰਚ

ਤੱਕ ਬਜਟ ਸੈਸ਼ਨ ਬੁਲਾਉਣ ਦਾ ਫੈਸਲਾ ਅੱਜ ਮੁੱਖ ਮੰਤਰੀ ਭਗਵੰਤ ਮਾਨ ਦੀ ਪ੍ਰਧਾਨਗੀ ਹੇਠ ਹੋਈ ਸੂਬਾ ਕੈਬਨਿਟ ਮੀਟਿੰਗ ਵਿੱਚ ਲਿਆ ਗਿਆ। ਇੱਕ ਸਰਕਾਰੀ ਬੁਲਾਰੇ ਅਨੁਸਾਰ, ਰਾਜਪਾਲ ਦਾ ਭਾਸ਼ਣ 25 ਮਾਰਚ ਨੂੰ ਹੋਵੇਗਾ ਜਿਸ ਤੋਂ ਬਾਅਦ ਉਨ੍ਹਾਂ ਦੇ ਭਾਸ਼ਣ 'ਤੇ ਚਰਚਾ ਹੋਵੇਗੀ। ਬਜਟ ਚਰਚਾ ਤੋਂ ਇਲਾਵਾ, ਮੰਤਰੀ ਮੰਡਲ ਨੇ 40 ਨਵੇਂ ਹੁਨਰ ਸਿੱਖੀਆ ਸਕੂਲ ਖੋਲ੍ਹਣ ਦਾ ਵੀ ਫੈਸਲਾ ਕੀਤਾ, ਰੱਖਿਆ ਸੇਵਾਵਾਂ ਭਲਾਈ ਵਿਭਾਗ ਦੀਆਂ ਸਾਲਾਨਾ ਪ੍ਰਸ਼ਾਸਕੀ ਰਿਪੋਰਟਾਂ ਨੂੰ ਸਹਿਮਤੀ ਦਿੱਤੀ।

-------------------------------------------------------

ਪੰਜਾਬ ਸਰਕਾਰ ਵੱਲੋਂ ਅਸ਼ੀਰਵਾਦ ਸਕੀਮ ਤਹਿਤ ਚਾਲੂ ਮਾਲੀ ਸਾਲ 2024-25 ਦੌਰਾਨ ਪੱਟੀਦਰਜ ਜਾਤਾਂ ਦੇ 3 ਹਜ਼ਾਰ 853 ਲਾਭਪਾਤਰੀਆਂ ਨੂੰ 19 ਕਰੋੜ 65 ਲਖ ਰੁਪਏ ਦੀ ਰਕਮ ਜਾਰੀ ਕੀਤੀ ਗਈ ਏ । ਇਹ ਜਾਣਕਾਰੀ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ ਬਲਜੀਤ ਕੌਰ ਦਿੱਤੀ ਏ.ਹੋਰ ਜਾਣਕਾਰੀ ਦਿੰਦਿਆਂ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀਆਂ ਬਾਰੇ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਅਸ਼ੀਰਵਾਦ ਸਕੀਮ ਤਹਿਤ ਸੂਬਾ ਸਰਕਾਰ ਵੱਲੋਂ ਰਾਜ ਵਿੱਚ ਘੱਟ ਆਮਦਨੀ ਵਾਲੇ ਪਰਿਵਾਰ ਨਾਲ ਸਬੰਧਤ ਕੁੜੀਆਂ ਦੇ ਵਿਆਹ ਲਈ 51, ਹਜ਼ਾਰ ਰੁਪਏ ਦੀ ਮਾਲੀ ਸਹਾਇਤਾ ਦਿੱਤੀ ਜਾਂਦੀ ਏ ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਅਸ਼ੀਰਵਾਦ ਸਕੀਮ ਦਾ ਲਾਭ ਲੈਣ ਲਈ ਬਿਨੈਕਾਰ ਪੰਜਾਬ ਰਾਜ ਦਾ ਸਥਾਈ ਨਾਗਰਿਕ ਹੋਵੇ, ਉਸ ਦਾ ਪਰਿਵਾਰ ਗਰੀਬੀ ਰੇਖਾ ਤੋਂ ਹੇਠਾਂ ਦਾ ਹੋਵੇ, ਬਿਨੈਕਾਰ ਪੱਟੀਦਰਜ ਜਾਤਾਂ, ਪੱਛੜੀਆਂ ਸ੍ਰੇਣੀਆਂ ਅਤੇ ਹੋਰ ਆਰਥਿਕ ਤੌਰ 'ਤੇ ਕਮਜ਼ੋਰ ਪਰਿਵਾਰਾਂ ਨਾਲ ਸਬੰਧਤ ਹੋਵੇ ਅਤੇ ਪਰਿਵਾਰ ਦੀ ਸਾਰੇ ਸਾਧਨਾ ਤੋ ਸਲਾਨਾ ਆਮਦਨ 32 ਹਜ਼ਾਰ 790 ਰੁਪਏ ਤੋ ਘੱਟ ਹੋਵੇ, ਅਜਿਹੇ ਪਰਿਵਾਰਾਂ ਦੀਆਂ ਦੋ ਧੀਆਂ ਇਸ ਸਕੀਮ ਦਾ ਲਾਭ ਲੈਣ ਦੇ ਯੋਗ ਨੇ.

------------------------------------------------------------

ਪੰਜਾਬ ਸਰਕਾਰ ਨੇ ਝੋਨੇ ਦੀ ਸਿੱਧੀ ਬਿਜਾਈ (ਡੀ.ਐਸ.ਆਰ) ਸਕੀਮ ਤਹਿਤ ਸਾਉਣੀ ਰੁਤ-2024 ਲਈ ਪਹਿਲੇ ਪੜਾਅ ਅਧੀਨ 9 ਹਜ਼ਾਰ 500 ਤੋਂ ਵੱਧ ਕਿਸਾਨਾਂ ਦੇ ਬੈਂਕ ਖਾਤਿਆਂ ਵਿੱਚ 4 ਕਰੋੜ ਰੁਪਏ ਤੋਂ ਵਧ ਦਾ ਤਬਾਦਲਾ ਕੀਤਾ ਏ । ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਅੱਜ ਦੱਸਿਆ ਕਿ ਸਾਉਣੀ ਰੁਤ-2024 ਦੌਰਾਨ 24 ਹਜ਼ਾਰ ਤੋਂ ਵੱਧ ਕਿਸਾਨਾਂ ਨੇ ਸਿੱਧੀ ਬਿਜਾਈ ਸਕੀਮ ਅਧੀਨ 2.53 ਲੱਖ ਏਕੜ ਜ਼ਮੀਨ ਡੀ.ਐਸ.ਆਰ. ਪੋਰਟਲ ‘ਤੇ ਦਰਜ ਕੀਤੀ ਸੀ। ਉਨ੍ਹਾਂ ਦੱਸਿਆ ਕਿ ਸਬੰਧਤ ਜ਼ਿਲ੍ਹਾ ਅਧਿਕਾਰੀਆਂ ਵੱਲੋਂ ਤਸਦੀਕ ਕਰਨ ਤੋਂ ਬਾਅਦ ਖੇਤੀਬਾੜੀ ਵਿਭਾਗ ਨੇ ਪਹਿਲੇ ਪੜਾਅ

ਤਹਿਤ 9 ਹਜ਼ਾਰ 500 ਤੋਂ ਵੱਧ ਲਾਭਪਾਤਰੀ ਕਿਸਾਨਾਂ ਦੇ ਬੈਂਕ ਖਾਤਿਆਂ ਵਿੱਚ 4 ਕਰੋੜ 34 ਲਖ ਰੁਪਏ ਰੁਪਏ ਟਰਾਂਸਫ਼ਰ ਕਰ ਦਿੱਤੇ ਨੇ. ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਕਿਸਾਨਾਂ ਨੂੰ ਧਰਤੀ ਹੇਠਲੇ ਪਾਣੀ ਦੇ ਡਿੱਗਦੇ ਪੱਧਰ ਨੂੰ ਬਚਾਉਣ ਲਈ ਝੋਨੇ ਦੀ ਸਿੱਧੀ ਬਿਜਾਈ ਲਈ ਉਤਸ਼ਾਹਿਤ ਕਰ ਰਹੀ ਏ। ਸੂਬਾ ਸਰਕਾਰ ਵੱਲੋਂ ਝੋਨੇ ਦੀ ਸਿੱਧੀ ਬਿਜਾਈ ਕਰਨ ਵਾਲੇ ਕਿਸਾਨਾਂ ਨੂੰ ਪ੍ਰਤੀ ਏਕੜ 1500 ਰੁਪਏ ਪ੍ਰੋਤਸਾਹਨ ਰਾਸ਼ੀ ਵਜੋਂ ਪ੍ਰਦਾਨ ਕੀਤੇ ਜਾ ਰਹੇ ਨੇ. ਇਹ ਰਕਮ, ਸਿਧਿਆਂ, ਕਿਸਾਨਾਂ ਦੇ ਖਾਤਿਆਂ ਵਿੱਚ ਤਬਦੀਲ ਕੀਤੀ ਜਾਂਦੀ ਏ।ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਡੀ.ਐਸ.ਆਰ. ਦੀ ਬਕਾਇਆ ਰਾਸ਼ੀ ਵੀ ਇਸ ਮਹੀਨੇ ਦੇ ਅੰਦਰ ਲਾਭਪਾਤਰੀ ਕਿਸਾਨਾਂ ਦੇ ਬੈਂਕ ਖਾਤਿਆਂ ਵਿੱਚ ਟਰਾਂਸਫ਼ਰ ਕਰ ਦਿੱਤੀ ਜਾਵੇਗੀ।

-----------------------------------------------------------

ਕੇਂਦਰੀ ਆਯੁਸ਼ ਮੰਤਰੀ ਪ੍ਰਤਾਪਰਾਓ ਜਾਧਵ ਨੇ ਐਲਾਨ ਕੀਤਾ ਏ ਕਿ 11 ਵੇਂ ਅੰਤਰ ਰਾਸ਼ਟਰੀ ਯੋਗ ਦਿਵਸ ਦੇ ਸੰਬੰਧ ਵਿਚ, 100 ਦਿਨਾਂ ਦੇ ਅੰਦਰ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਦਸ ਮਹੱਤਵਪੂਰਨ ਸਮਾਗਮ ਕਰਾਏ ਜਾਣਗੇ। ਉਨ੍ਹਾਂ ਕਿਹਾ ਕਿ ਇਨ੍ਹਾਂ ਸਮਾਗਮਾਂ ਤਹਿਤ, 10 ਭਾਈਵਾਲ ਦੇਸ਼ਾਂ ਨਾਲ ਯੋਗ ਵਟਾਂਦਰਾ ਪ੍ਰੋਗਰਾਮ, ਯੋਗ ਬੰਧਨ

ਕਰਵਾਇਆ ਜਾਵੇਗਾ। ਇਹ ਜਾਣਕਾਰੀ ਓਹਨਾਂ ਨੇ ਅੱਜ ਨਵੀਂ ਦਿੱਲੀ ਵਿੱਚ ਯੋਗ ਮਹੋਤਸਵ-2025 ਦਾ ਉਦਘਾਟਨ ਕਰਨ ਮੌਕੇ ਦਿੱਤੀ. ਇਹ ਸਮਾਰੋਹ, 21 ਜੂਨ ਨੂੰ ਦੁਨੀਆ ਭਰ ਵਿੱਚ ਮਨਾਏ ਜਾਣ ਵਾਲੇ 11ਵੇਂ ਅੰਤਰਰਾਸ਼ਟਰੀ ਯੋਗ ਦਿਵਸ ਤੋਂ ਪਹਿਲਾਂ ਦੇ 100 ਦਿਨਾਂ ਦੀ ਉਲਟੀ ਗਿਣਤੀ ਦੀ ਸ਼ੁਰੂਆਤ ਨੂੰ ਦਰਸਾਉਂਦਾ ਏ. ਸ੍ਰੀ ਜਾਧਵ ਨੇ ਦੱਸਿਆ ਕਿ ਦੇਸ਼ ਦੇ 10 ਹਜ਼ਾਰ ਸਥਾਨਾਂ 'ਤੇ ਯੋਗ ਸੰਗਮ ਪ੍ਰੋਗਰਾਮ ਕਰਾਇਆ ਜਾਵੇਗਾ. ਯੋਗ ਅਤੇ ਇਸਦੇ ਵਿਸ਼ਵਵਿਆਪੀ ਪ੍ਰਭਾਵ'ਤੇ ਚਾਨਣਾ ਪਾਉਂਦੇ ਹੋਏ, ਮੰਤਰੀ ਨੇ ਕਿਹਾ ਕਿ ਅੱਜ ਦੁਨੀਆ ਵਿੱਚ 30 ਕਰੋੜ ਲੋਕ ਯੋਗ ਕਰਦੇ ਨੇ. ਉਨ੍ਹਾਂ ਅੱਗੇ ਕਿਹਾ ਕਿ ਯੋਗ ਨੇ ਲੋਕਾਂ ਨੂੰ ਬੇਹਦ ਲਾਭ ਪਹੁੰਚਾਇਆ ਏ।

------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਭਾਰਤ ਵਿੱਚ ਯੂ.ਏ.ਈ. ਦੇ ਰਾਜਦੂਤ ਡਾ. ਅਬਦੁਲ-ਨਾਸਰ ਜਮਾਲ ਅਲਸ਼ਾਲੀ ਨਾਲ ਮੁਲਾਕਾਤ ਕੀਤੀ, ਜਿਸ ਦੌਰਾਨ ਪੰਜਾਬ ਅਤੇ ਯੂ.ਏ.ਈ. ਦਰਮਿਆਨ ਦੁਵੱਲੇ ਵਪਾਰ, ਨਿਵੇਸ਼ ਅਤੇ ਸੱਭਿਆਚਾਰਕ ਵਟਾਂਦਰੇ ਨੂੰ ਮਜ਼ਬੂਤ ਕਰਨ ਦੇ ਢੰਗ - ਤਰੀਕਿਆਂ ਬਾਰੇ ਚਰਚਾ ਕੀਤੀ ਗਈ। ਮੀਟਿੰਗ ਦੌਰਾਨ ਮੁੱਖ ਮੰਤਰੀ ਨੇ ਪੰਜਾਬ ਨੂੰ ਮੌਕਿਆਂ ਦੀ ਧਰਤੀ ਵਜੋਂ ਦਰਸਾਇਆ, ਇਸ ਦੇ ਮਜ਼ਬੂਤ ਖੇਤੀਬਾੜੀ ਆਧਾਰ ਸਨਅਤੀ ਸੰਭਾਵਨਾ ਅਤੇ ਤੇਜ਼ੀ ਨਾਲ ਵਧ ਰਹੇ

ਵਪਾਰਕ ਮਾਹੌਲ ‘ਤੇ ਚਾਨਣਾ ਪਾਇਆ. ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਅਤੇ ਯੂ.ਏ.ਈ. ਦਰਮਿਆਨ ਕਾਰੋਬਾਰ ਲਈ ਕੁਦਰਤੀ ਸਾਂਝ ਏ, ਜਿਸ ਨੂੰ ਆਪਸੀ ਲਾਭ ਲਈ ਵਰਤਿਆ ਜਾ ਸਕਦਾ ਏ। ਮੁੱਖ ਮੰਤਰੀ ਨੇ ਪੰਜਾਬ ਦੇ ਅਨਾਜ ਉਤਪਾਦਨ, ਡੇਅਰੀ ਅਤੇ ਖੇਤੀਬਾੜੀ-ਪ੍ਰੋਸੈਸਿੰਗ ਦੇ ਗੜ੍ਹ ਵੱਲ ਇਸ਼ਾਰਾ ਕਰਦੇ ਹੋਏ ਕਿਹਾ ਕਿ ਪੰਜਾਬ ਯੂ.ਏ.ਈ. ਦੀਆਂ ਖੁਰਾਕ ਸੁਰੱਖਿਆ ਜ਼ਰੂਰਤਾਂ ਨੂੰ ਪੂਰਾ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਸਕਦਾ ਏ। ਭਵਿੱਖੀ ਸਹਿਯੋਗ ਨੂੰ ਢਾਂਚਾਗਤ ਦਿਸ਼ਾ ਦੇਣ ਲਈ ਇਕ ਸਾਂਝਾ ਕਾਰਜ ਸਮੂਹ ਕਾਇਮ ਕਰਨ ਦੀ ਤਜਵੀਜ਼ ਕੀਤੀ ਗਈ.

-----------------------------------------------------

ਪੰਜਾਬ ਵਿੱਚ, ਹੋਲਾ ਮਹੱਲਾ ਦਾ ਤਿਉਹਾਰ ਅੱਜ, ਅਨੰਦਪੁਰ ਸਾਹਿਬ ਦੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਧਾਰਮਿਕ ਉਤਸ਼ਾਹ, ਸ਼ਰਧਾ ਅਤੇ ਰਵਾਇਤੀ ਜੋਸ਼ ਨਾਲ ਸ਼ੁਰੂ ਹੋ ਗਿਆ ਏ। ਇਹ 15 ਮਾਰਚ ਤੱਕ ਜਾਰੀ ਰਹੇਗਾ। ਇਸ ਨੂੰ, ਦਸਵੇਂ ਸਿੱਖ ਗੁਰੂ, ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਵੱਲੋਂ 17ਵੀਂ ਸਦੀ ਦੇ ਅਖੀਰ ਵਿੱਚ ਸਿੱਖ ਜੰਗੀ ਹੁਨਰ ਅਤੇ ਭਾਈਚਾਰਕ ਏਕਤਾ ਦਾ ਵਿਖਾਲਾ ਕਰਨ ਦੇ ਤਰੀਕੇ ਵਜੋਂ ਸ਼ੁਰੂ ਕੀਤਾ ਗਿਆ ਸੀ. ਇਨ੍ਹਾਂ ਤਿੰਨ ਦਿਨਾਂ ਦੌਰਾਨ, ਜੰਗੀ ਕਲਾ ਦੇ ਹੁਨਰ ਪ੍ਰਦਰਸ਼ਿਤ ਕੀਤੇ ਜਾ ਰਹੇ ਨੇ. ਅੱਜ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ

ਆਰੰਭ ਕੀਤੇ ਗਏ, ਜਿਨ੍ਹਾਂ ਦੇ ਭੋਗ 15 ਮਾਰਚ ਨੂੰ ਪਾਏ ਜਾਣਗੇ। ਇਹ ਤਿਉਹਾਰ ਸਾਰਿਆਂ ਵਿੱਚ ਏਕਤਾ ਅਤੇ ਸੁਹਿਰਦਤਾ ਦੀ ਭਾਵਨਾ ਨੂੰ ਵੀ ਉਤਸ਼ਾਹਿਤ ਕਰਦਾ ਏ । ਤਿਉਹਾਰ ਦੇ ਆਖਰੀ ਦਿਨ  ਹੋਲੀ ਖੇਡੀ ਜਾਵੇਗੀ।

----------------------------------------------------------

ਬਿਆਸ ਵਿੱਚ ਰਾਧਾ ਸਵਾਮੀ ਸਤਿਸੰਗ ਦੇ ਸ਼ਰਧਾਲੂਆਂ ਦੀ ਸਹੂਲਤ ਲਈ, ਰੇਲਵੇ ਵਲੋਂ 16 ਮਾਰਚ, 23 ਮਾਰਚ ਅਤੇ 30 ਮਾਰਚ ਨੂੰ ਬਿਆਸ ਅਤੇ ਜਲੰਧਰ ਸ਼ਹਿਰ ਦਰਮਿਆਨ ਅਣ-ਰਿਜ਼ਰਵਡ ਵਿਸ਼ੇਸ਼ ਰੇਲਗੱਡੀ ਚਲਾਉਣ ਦਾ ਫੈਸਲਾ ਕੀਤਾ ਗਿਆ ਏ । ਇਹ ਰੇਲਗੱਡੀ ਤਿੰਨ ਦਿਨ, ਬਿਆਸ ਤੋਂ ਦੁਪਹਿਰ ਬਾਅਦ 12 ਵਜ ਕੇ 50 ਮਿੰਟ ‘ਤੇ  ਚੱਲੇਗੀ ਅਤੇ ਜਲੰਧਰ ਸ਼ਹਿਰ ਵਿੱਚ ਦੁਪਹਿਰ ਬਾਅਦ 1 ਵਜ ਕੇ 35 ਮਿੰਟ ‘ਤੇ ਪਹੁੰਚੇਗੀ। ਰਾਹ ਵਿੱਚ ਇਹ ਢਿਲਵਾਂ, ਹਮੀਰਾ, ਕਰਤਾਰਪੁਰ ਅਤੇ ਸੁਰਾਨੁੱਸੀ ਰੇਲਵੇ ਸਟੇਸ਼ਨਾਂ 'ਤੇ ਰੁਕੇਗੀ।

----------------------------------------------------------

14 ਮਾਰਚ ਤੋਂ ਅੰਮ੍ਰਿਤਸਰ ਵਿਚ ਸ਼ੁਰੂ ਹੋਣ ਵਾਲੇ ਸਰਸ ਮੇਲੇ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਂਦੇ ਹੋਏ ਡਿਪਟੀ ਕਮਿਸ਼ਨਰ ਸ੍ਰੀਮਤੀ ਸਾਕਸ਼ੀ ਸਾਹਨੀ ਨੇ ਅੰਮ੍ਰਿਤਸਰ ਵਾਸੀਆਂ ਨੂੰ ਇਸ ਮੇਲੇ ਦਾ ਆਨੰਦ ਮਾਨਣ ਲਈ ਖੁੱਲਾ ਸੱਦਾ ਦਿੱਤਾ ਏ । ਅੱਜ ਇਸ ਸਬੰਧੀ ਕੀਤੀ ਮੀਟਿੰਗ

ਵਿੱਚ ਤਿਆਰੀਆਂ ਦਾ ਜਾਇਜ਼ਾ ਲੈਣ ਮਗਰੋਂ ਉਹਨਾਂ ਨੇ ਦੱਸਿਆ ਕਿ ਸਰਸ ਮੇਲੇ ਵਿੱਚ ਇਸ ਵਾਰ ਭਾਰਤ ਦੇ ਸਾਰੇ ਰਾਜਾਂ ਤੋਂ ਇਲਾਵਾ ਅਫਗਾਨਿਸਤਾਨ, ਥਾਈਲੈਂਡ ਅਤੇ ਇਰਾਨ ਤੋਂ ਵੀ ਦਸਤਕਾਰਾਂ ਲ੍ਲੋਂ ਸ਼ਿਰਕਤ ਕੀਤੀ ਜਾਏਗੀ. ਉਹਨਾਂ ਦੱਸਿਆ ਕਿ 14 ਮਾਰਚ ਤੋਂ 23 ਮਾਰਚ ਤੱਕ ਚੱਲਣ ਵਾਲੇ ਇਸ ਮੇਲੇ ਦੌਰਾਨ ਜਿੱਥੇ ਭਾਰਤ ਤੋਂ ਇਲਾਵਾ ਵਿਦੇਸ਼ਾਂ ਦੇ ਸਮਾਨ ਦੀ ਪ੍ਰਦਰਸ਼ਨੀ ਅਤੇ ਖਰੀਦ ਦਾ ਮੌਕਾ ਮਿਲੇਗਾ। ਉਥੇ ਹੀ ਸਪੈਸ਼ਲ ਬੱਚਿਆਂ ਵੱਲੋਂ ਆਪਣੇ ਹੱਥਾਂ ਨਾਲ ਬਣਾਈਆਂ ਹੋਈਆਂ ਕਿਰਤਾਂ ਦਾ ਸਟਾਲ ਲਾਇਆ ਜਾਏਗਾ. ਰੋਜਾਨਾ ਸ਼ਾਮ ਨੂੰ 6.30 ਵਜੇ ਪੰਜਾਬੀ ਦੇ ਵੱਡੇ ਗਾਇਕ ਮੇਲੇ ਵਿੱਚ ਲੋਕਾਂ ਦਾ ਮਨੋਰੰਜਨ ਕਰਨਗੇ। ਉਹਨਾਂ ਅੰਮ੍ਰਿਤਸਰ ਵਾਸੀਆਂ ਅਤੇ ਅੰਮ੍ਰਿਤਸਰ ਆਏ ਹੋਏ ਸੈਲਾਨੀਆਂ ਨੂੰ ਇਸ ਮੇਲੇ ਦਾ ਆਨੰਦ ਲੈਣ ਲਈ ਸੱਦਾ ਦਿੱਤਾ.

-----------------------------------------------------

ਮੌਸਮ ਵਿਭਾਗ ਮੁਤਾਬਕ, ਅਗਲੇ 2-3 ਦਿਨਾਂ ਦੌਰਾਨ ਪੰਜਾਬ, ਹਰਿਆਣਾ, ਚੰਡੀਗੜ੍ਹ ਅਤੇ ਹਿਮਾਚਲ ਪ੍ਰਦੇਸ਼ ਦੇ ਕੁਝ ਹਿੱਸਿਆਂ ਵਿੱਚ, ਤੇਜ਼ ਹਵਾਵਾਂ ਨਾਲ ਛਿੱਟਾ ਪੈ ਸਕਦੀਆਂ ਨੇ। ਪੰਜਾਬ ਦੇ ਕਈ ਜ਼ਿਲ੍ਹਿਆਂ ਵਿੱਚ, 16 ਮਾਰਚ ਤੱਕ ਮੀਂਹ ਪੈਣ ਦੀ ਸੰਭਾਵਨਾ ਏ। ਕੁਝ ਦਿਨ ਪਹਿਲਾਂ ਸਰਗਰਮ ਹੋਈ ਪੱਛਮੀ ਗੜਬੜੀ ਦਾ ਅਸਰ ਅੱਜ ਤੋਂ ਪੰਜਾਬ ਦੇ ਮੈਦਾਨੀ ਇਲਾਕਿਆਂ ਵਿੱਚ ਵੀ ਦੇਖਣ ਨੂੰ ਮਿਲੇਗਾ। ਪੱਛਮੀ ਗੜਬੜੀ

ਕਾਰਨ ਅੱਜ ਪਠਾਨਕੋਟ, ਗੁਰਦਾਸਪੁਰ ਅਤੇ ਹੁਸ਼ਿਆਰਪੁਰ ਵਿੱਚ ਮੀਂਹ ਦਾ ਯੈਲੋ ਅਲਰਟ ਜਾਰੀ ਕੀਤਾ ਗਿਆ ਏ।

--------------------------------------------------------------------------

ਮਹਿਲਾ ਪ੍ਰੀਮੀਅਰ ਲੀਗ ਕ੍ਰਿਕਟ ਵਿੱਚ, ਮੁੰਬਈ ਇੰਡੀਅਨਜ਼ ਅੱਜ ਸ਼ਾਮ ਮੁੰਬਈ ਦੇ ਬ੍ਰੇਬੋਰਨ ਸਟੇਡੀਅਮ ਵਿੱਚ ਐਲੀਮੀਨੇਟਰ ਮੈਚ ਵਿੱਚ ,ਗੁਜਰਾਤ ਜਾਇੰਟਸ ਖਿਲਾਫ਼ ਖੇਡੇਗੀ. ਇਹ ਮੈਚ ਸ਼ਾਮ ਸਾਢੇ 7 ਵਜੇ ਸ਼ੁਰੂ ਹੋਵੇਗਾ. ਦਿੱਲੀ ਕੈਪੀਟਲਸ ਨੇ ਪਹਿਲਾਂ ਹੀ ਫਾਈਨਲ ਵਿੱਚ, ਆਪਣੀ ਥਾਂ ਪੱਕੀ ਕਰ ਲਈ ਏ। ਟੂਰਨਾਮੈਂਟ 'ਚ ਮੁੰਬਈ ਇੰਡੀਅਨਜ਼ ਦੂਜੇ, ਜਦਕਿ ਗੁਜਰਾਤ ਜਾਇੰਟਸ ਤੀਜੇ ਸਥਾਨ 'ਤੇ ਏ।

--------------------------------------------------------------------------

- ਭਾਰਤੀ ਪੁਲਾੜ ਖੋਜ ਸੰਗਠਨ (ISRO) ਨੇ ਸਪੇਸ ਡੌਕਿੰਗ ਪ੍ਰਯੋਗ (SpaDEX) ਮਿਸ਼ਨ ਦੇ ਹਿੱਸੇ ਵਜੋਂ ਦੋ ਉਪਗ੍ਰਿਹਾਂ ਨੂੰ ਅਨਡੌਕ ਕਰਨ ਦਾ ਕੰਮ ਸਫਲਤਾ ਨਾਲ ਪੂਰਾ ਕਰ ਲਿਆ ਏ.
- ਪੰਜਾਬ ਮੰਤਰੀ ਮੰਡਲ ਨੇ, 21 ਮਾਰਚ ਤੋਂ ਬਜਟ ਸਮਾਗਮ ਬੁਲਾਉਣ ਨੂੰ ਪ੍ਰਵਾਨਗੀ ਦੇ ਦਿੱਤੀ ਏ .
- ਪੰਜਾਬ ਸਰਕਾਰ ਵੱਲੋਂ ਅਸ਼ੀਰਵਾਦ ਸਕੀਮ ਤਹਿਤ, ਪੱਟੀਦਰਜ ਜਾਤਾਂ ਦੇ 3 ਹਜ਼ਾਰ 853 ਲਾਭਪਾਤਰੀਆਂ ਨੂੰ 19 ਕਰੋੜ 65 ਲਖ ਰੁਪਏ ਦੀ ਰਕਮ ਜਾਰੀ ਕੀਤੀ ਗਈ ਏ ।

- ਪੰਜਾਬ ਵਿੱਚ, ਹੋਲੇ ਮਹੱਲੇ ਦਾ ਤਿਉਹਾਰ ਅੱਜ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਧਾਰਮਿਕ ਉਤਸ਼ਾਹ, ਸ਼ਰਧਾ ਅਤੇ ਰਵਾਇਤੀ ਜੋਸ਼ ਨਾਲ ਸ਼ੁਰੂ ਹੋ ਗਿਆ ਏ.
- ਮੌਸਮ ਵਿਭਾਗ ਮੁਤਾਬਕ ਪੰਜਾਬ 'ਚ ਅਗਲੇ 2 ਤੋਂ 3 ਦਿਨਾਂ ਦੌਰਾਨ ਤੇਜ਼ ਹਵਾਵਾਂ ਨਾਲ ਹਲਕੀ ਬਾਰਿਸ਼ ਹੋ ਸਕਦੀ ਏ.